**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ : 1-08-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ ਉੱਤਰ ਪ੍ਰਦੇਸ਼ ਦੇ ਵਾਰਾਨਸੀ ਦੀ ਯਾਤਰਾ ਦੌਰਾਨ 9 ਕਰੋੜ 70 ਲੱਖ ਤੋਂ ਵੱਧ ਕਿਸਾਨ 20 ਹਜਾਰ 500 ਕਰੋੜ ਰੁਪਏ ਤੋਂ ਵੱਧ ਦੀ ਰਕਮ ਦੀ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧਿ ਯੋਜਨਾ ਦੀ 20ਵਿਨ ਕਿਸ਼ਤ ਜਾਰੀ ਕਰਨਗੇ। ਇਸ ਦੌਰਾਨ, ਸ਼੍ਰੀ ਮੋਦੀ ਲਗਭਗ 2 ਹਜਾਰ 200 ਕਰੋੜ ਰੁਪਏ ਦੀ ਲਾਗਤ ਨਾਲ ਕਈ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪਥਰ ਰਖਣਗੇ ਤੇ ਉਦਘਾਟਨ ਕਰਨਗੇ।

---

ਉੱਤਰੀ ਰੇਲਵੇ ਵਲੋਂ ਨਵੀਂ ਦਿੱਲੀ ਤੋਂ ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਵਿਚਕਾਰ 14 ਅਗਸਤ ਤੋਂ 17 ਅਗਸਤ ਤੱਕ ਰਾਖਵੀਂ ਵਿਸ਼ੇਸ਼ ਰੇਲਗੱਡੀ ਚਲਾਈ ਜਾ ਰਹੀ ਏ। ਉੱਤਰੀ ਰੇਲਵੇ ਨੇ ਆਮ ਲੋਕਾਂ ਨੂੰ ਸੂਚਿਤ ਕੀਤਾ ਏ ਕਿ ਰੇਲਵੇ ਮੁਸਾਫ਼ਰਾਂ ਦੀ ਸਹੂਲਤ ਲਈ, ਉੱਤਰੀ ਰੇਲਵੇ ਰਾਖਵੀਂ ਵਿਸ਼ੇਸ਼ ਰੇਲਗੱਡੀ ਨਵੀਂ ਦਿੱਲੀ ਤੋਂ ਪਾਣੀਪਤ ਜੰਕਸ਼ਨ, ਕੁਰੂਕਸ਼ੇਤਰ ਜੰਕਸ਼ਨ,

ਅੰਬਾਲਾ ਕੈਂਟ ਜੰਕਸ਼ਨ ਢੰਡਾਰੀ ਕਲਾਂ ,ਜਲੰਧਰ ਕੈਂਟ ,ਪਠਾਨਕੋਟ ਕੈਂਟ ,ਜੰਮੂ ਤਵੀ ,ਸ਼ਹੀਦ ਕੈਪਟਨ ਤੁਸ਼ਾਰ ਮਹਾਜਨ ਤੋਂ ਹੁੰਦੀ ਹੋਈ ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਪਹੁੰਚੇਗੀ। ਇਸ ਵਿਸ਼ੇਸ਼ ਰੇਲਗੱਡੀ ਵਿਚ ਮੁਸਾਫ਼ਰਾਂ ਨੂੰ AC, ਸਲੀਪਰ ਅਤੇ ਜਨਰਲ ਡੱਬਿਆਂ ਦੀ ਸਹੂਲਤ ਮਿਲੇਗੀ ।

---------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਦੋ ਮਾਡਿਊਲਾਂ ਦਾ ਪਰਦਾਫਾਸ਼ ਕਰਦਿਆਂ ਇੱਕ ਨਾਬਾਲਗ ਸਮੇਤ 4 ਕਾਰਕੁਨਾਂ ਨੂੰ ਗ੍ਰਿਫ਼ਤਾਰ ਕੀਤਾ ਏ। ਪੁਲਿਸ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ 7 ਪਿਸਤੌਲ, 6 ਜ਼ਿੰਦਾ ਕਾਰਤੂਸ ਅਤੇ ਇੱਕ ਮੋਟਰਸਾਈਕਲ ਜ਼ਬਤ ਕੀਤਾ  ਏ। ਪੁਲਿਸ ਸੂਤਰਾਂ ਅਨੁਸਾਰ, ਮੁੱਢਲੀ ਜਾਂਚ ਤੋਂ ਪਤਾ ਲਗਿਆ ਏ ਕਿ ਮੁਲਜ਼ਮ ਪਾਕਿਸਤਾਨ ਸਥਿਤ ਤਸਕਰਾਂ ਦੇ ਸੰਪਰਕ ਵਿੱਚ ਸਨ ਅਤੇ ਕੌਮਾਂਤਰੀ ਸਰਹੱਦ ਦੇ ਨੇੜੇ ਖੇਪਾ ਬਰਾਮਦ ਕੀਤੀ ਗਈ ਏ । ਇਹ ਹਥਿਆਰ ਗੈਂਗ ਵਿਚਕਾਰ ਦੁਸ਼ਮਣੀ ਵਧਾਉਣ ਅਤੇ ਖੇਤਰ ਵਿੱਚ ਸ਼ਾਂਤੀ ਭੰਗ ਕਰਨ ਲਈ ਰੱਖੇ ਗਏ ਸਨ।

ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਕੀਤੀ ਜਾ ਰਹੀ ਏ।

-----------------------------------------------------------

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਐਲਾਨ ਕੀਤਾ ਕਿ ਸੂਬਾ ਸਰਕਾਰ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਨਿਰਵਿਘਨ ਆਕਸੀਜ਼ਨ ਤੇ ਬਿਜਲੀ ਸਪਲਾਈ, ਅੱਗ ਬੁਝਾਊ ਪ੍ਰਣਾਲੀਆਂ, ਪਾਣੀ ਅਤੇ ਸੈਨੀਟੇਸ਼ਨ ਸੇਵਾਵਾਂ ਯਕੀਨੀ ਬਣਾਉਣ ਲਈ ਇਕ ਮਜ਼ਬੂਤ ਚਾਰ-ਪਰਤੀ ਬੈਕਅੱਪ ਸਿਸਟਮ ਸਥਾਪਤ ਕਰ ਰਹੀ ਏ। ਕੈਬਨਿਟ ਮੰਤਰੀ ਨੇ ਕੱਲ ਜਲੰਧਰ ਦੇ ਸ਼ਹੀਦ ਬਾਬੂ ਲਾਭ ਸਿੰਘ ਸਿਵਲ ਹਸਪਤਾਲ ਦਾ ਦੌਰਾ ਕਰਦਿਆਂ  ਕਿਹਾ ਕਿ ਇਸ ਪਹਿਲ ਦਾ ਉਦੇਸ਼ ਭਵਿੱਖ ਵਿੱਚ ਮਰੀਜ਼ਾਂ ਦੀ ਸੁਰੱਖਿਆ ਵਿੱਚ ਹੋਣ ਵਾਲੀ ਕਿਸੇ ਵੀ ਗਲਤੀ ਨੂੰ ਰੋਕਣ ਲਈ ਗੰਭੀਰ ਸਿਹਤ ਸੰਭਾਲ ਸਬੰਧੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਏ।

ਉਨ੍ਹਾਂ ਸਿਹਤ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਅਤੇ ਵਿਵਸਥਾ ਸਬੰਧੀ ਸੁਧਾਰਾਂ ਲਈ ਅਹਿਮ ਨਿਰਦੇਸ਼ ਦਿੱਤੇ। ਬੀਤੇ ਦਿਨੀ ਜਲੰਧਰ ਸਿਵਲ ਹਸਪਤਾਲ ਵਿੱਚ ਤਿੰਨ ਮਰੀਜ਼ਾਂ ਦੀ ਦੁਖਦਾਈ ਮੌਤ ਦਾ ਜ਼ਿਕਰ ਕਰਦਿਆਂ  ਮੰਤਰੀ ਨੇ ਕਿਹਾ ਕਿ ਖਾਮੀਆਂ ਦਾ ਵਿਸਥਾਰ ਨਾਲ ਪਤਾ ਲਗਾਉਣ ਲਈ ਜਾਂਚ ਸ਼ੁਰੂ ਕਰ ਦਿੱਤੀ ਗਈ ਏ ਅਤੇ ਦੋਸ਼ੀ ਪਾਏ ਜਾਣ

ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ । ਜਾਂਚ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

----------------------------------------------------------------------

ਪਸ਼ੂ ਪਾਲਣ ਵਿਭਾਗ ਦੇ ਡਿਪਟੀ ਡਾਇਰੈਕਟਰ ਨੇ ਪਟਿਆਲਾ ਦੇ ਪਿੰਡ ਰਵਾਸ ਬ੍ਰਾਹਮਣਾਂ ਵਿਚ ਇੱਕ ਸੂਰ ਫਾਰਮ ਦੇ ਸੂਰਾਂ ਵਿੱਚ ਅਫਰੀਕਨ ਸਵਾਈਨ ਬੁਖ਼ਾਰ ਦੀ ਬਿਮਾਰੀ ਦੀ ਰਿਪੋਰਟ ਆਉਣ ‘ਤੇ ਪਿੰਡ ਰਵਾਸ ਬ੍ਰਹਮਣਾਂ ਨੂੰ ਲਾਗ ਵਾਲਾ ਖੇਤਰ ਐਲਾਨਿਆ ਏ ।ਵਧੀਕ ਡਿਪਟੀ ਕਮਿਸ਼ਨਰ ਇਸ਼ਾ ਸਿੰਗਲ ਨੇ ਤੁਰੰਤ ਪ੍ਰਭਾਵ ਨਾਲ ਪਾਬੰਦੀਆਂ ਲਾਗੂ ਕਰ ਦਿੱਤੀਆਂ ਨੇ । 30 ਸਤੰਬਰ ਤੱਕ ਲਾਗੂ ਪਾਬੰਦੀਆਂ ਮੁਤਾਬਕ ਪ੍ਰਭਾਵਿਤ ਇਲਾਕੇ ਵਿੱਚੋਂ ਜਿੰਦਾ ਤੇ ਮ੍ਰਿਤਕ ਸੂਰ , ਸੂਰ ਦਾ ਮੀਟ, ਫੀਡ, ਫਾਰਮ ਨਾਲ ਸਬੰਧਤ ਸਮਾਨ ਤੇ ਮਸ਼ੀਨਰੀ ਦੀ ਪ੍ਰਭਾਵਿਤ ਇਲਾਕੇ ਤੋਂ ਬਾਹਰ ਜਾ ਬਾਹਰਲੇ ਇਲਾਕੇਂ ਤੋਂ ਪ੍ਰਭਾਵਿਤ ਇਲਾਕੇ ਵਿਚ ਲਿਜਾਣ ‘ਤੇ ਮੁਕੰਮਲ ਰੋਕ ਲਗਾਈ ਗਈ ਏ । ਉਨ੍ਹਾਂ ਵਲੋਂ ਜਾਰੀ ਹੁਕਮਾਂ ਅਨੁਸਾਰ ਪਸ਼ੂਆਂ ਦੀਆਂ ਬਿਮਾਰੀਆਂ ਤੋਂ ਸੁਰੱਖਿਆ ਬਾਰੇ ਕੌਮੀ ਸੰਸਥਾਨ ਭੋਪਾਲ ਵੱਲੋਂ ਜਾਰੀ ਰਿਪੋਰਟਾਂ ਦੇ ਅਧਾਰ ‘ਤੇ ਪਿੰਡ ਰਵਾਸ ਬ੍ਰਹਮਣਾਂ ਵਿਚ ਆਏ

ਮਾਮਲੇ  ਦੇ ਮੱਦੇਨਜ਼ਰ, ਬਿਮਾਰੀ ਦੇ ਕੇਂਦਰ ਤੋਂ 1 ਕਿਲੋਮੀਟਰ ਤੱਕ ਦੇ ਖੇਤਰ ਨੂੰ ਲਾਗ ਵਾਲਾ ਜ਼ੋਨ ਅਤੇ 10 ਕਿਲੋਮੀਟਰ ਤੱਕ ਦੇ ਖੇਤਰ ਨੂੰ ਨਿਗਰਾਨੀ ਜ਼ੋਨ ਐਲਾਨ ਕੀਤਾ ਗਿਆ ਏ । ਇਨ੍ਹਾਂ ਜ਼ੋਨਾਂ ਵਿੱਚ ਵਧੇਰੇ ਸਰਵੇਖਣ, ਨਿਗਰਾਨੀ ਅਤੇ ਸੰਭਾਵਿਤ ਕਾਰਵਾਈ ਲਈ ਜ਼ਿਲ੍ਹਾ ਪਸ਼ੂ ਪਾਲਣ ਵਿਭਾਗ ਵੱਲੋਂ ਲਗਾਤਾਰ ਨਿਗਰਾਨੀ ਕੀਤੀ ਜਾਵੇਗੀ।

ਜ਼ਿਲ੍ਹਾ ਪ੍ਰਸ਼ਾਸਨ ਨੇ ਪਟਿਆਲਾ ਵਾਸੀਆਂ ਨੂੰ ਸਰਕਾਰੀ ਹਦਾਇਤਾਂ ਦੀ ਪੂਰੀ ਪਾਲਣਾ ਕਰਨ ਅਤੇ ਬਿਮਾਰੀ ਨੂੰ ਫੈਲਣ ਤੋਂ ਰੋਕਣ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ ਏ ।

--------------------------------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਕੱਲ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਚੇਅਰਮੈਨ ਨੇ ਸੂਬੇ ਦੇ ਅਨੂਸੂਚਿਤ ਜਾਤੀਆਂ ਦੇ ਲੋਕਾਂ ਨਾਲ ਸਬੰਧਤ ਕਈ ਮਾਮਲਿਆਂ ਉਤੇ ਵਿਚਾਰ ਵਟਾਂਦਰਾ ਕੀਤਾ ਤੇ ਮੌਜੂਦਾ ਕੰਮ ਦੇ ਭਾਰ ਦੇ ਮੱਦੇਨਜ਼ਰ ਹੋਰ ਅਮਲਾ

ਦਿਵਾਉਣ ਦੀ ਵੀ ਮੰਗ ਕੀਤੀ। ਵਿੱਤ ਮੰਤਰੀ ਨੇ ਕਮਿਸ਼ਨ ਨਾਲ ਸਬੰਧਤ ਸਾਰੇ ਮਾਮਲਿਆਂ ਨੂੰ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ ।

---------------------------------------------------------

ਪਠਾਨਕੋਟ ਉਝ ਦਰਿਆ ਵਿੱਚ ਮੀਂਹ ਦਾ ਪਾਣੀ ਖ਼ਤਰੇ ਦੇ ਨਿਸ਼ਾਨ ਵਲ ਵੱਧ ਰਿਹਾ ਏ । ਬਮਿਆਲ ਬਲਾਕ ਦੇ ਪ੍ਰਾਇਮਰੀ ਸਿੱਖਿਆ ਅਫ਼ਸਰ ਨਰੇਸ਼ ਪਨਿਆੜ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਦੇ ਹੁਕਮਾਂ ਦੇ ਮੱਦੇਨਜ਼ਰ ਬਮਿਆਲ ਦੇ ਸਾਰੇ ਸਕੂਲਾਂ ਵਿੱਚ ਅੱਜ ਛੁੱਟੀ ਕੀਤੀ ਗਈ ਏ।

---------------------------------------------------------

ਪੰਜਾਬ ਪੁਲਿਸ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕੱਲ ਸੂਬੇ ਭਰ ਵਿੱਚ 380 ਥਾਵਾਂ 'ਤੇ ਛਾਪੇਮਾਰੀ ਕਰਦਿਆਂ 79 ਮਾਮਲੇ ਦਰਜ ਕੀਤੇ ਅਤੇ 101 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ। ਕਾਨੂੰਨ ਤੇ ਵਿਵਸਥਾ ਬਾਰੇ ਵਿਸ਼ੇਸ਼ DGP ਅਰਪਿਤ ਸ਼ੁਕਲਾ ਨੇ ਦੱਸਿਆ ਕਿ 180 ਤੋਂ ਵੱਧ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ ਛਾਪੇਮਾਰੀ ਕੀਤੀ ਏ। ਉਨ੍ਹਾਂ ਕਿਹਾ ਕਿ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 406 ਸ਼ੱਕੀ ਵਿਅਕਤੀਆਂ ਦੀ ਜਾਂਚ ਵੀ ਕੀਤੀ । ਉਨ੍ਹਾਂ ਦਸਿਆ ਕਿ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 778

ਗ੍ਰਾਮ ਹੈਰੋਇਨ, 17 ਕੁਇੰਟਲ ਭੁੱਕੀ, 18 ਹਜ਼ਾਰ 671 ਨਸ਼ੀਲੀਆਂ ਗੋਲੀਆਂ ਤੇ ਕੈਪਸੂਲ ਅਤੇ 44 ਹਜ਼ਾਰ 710 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਏ ।

---------------------------------------------------------------

ਭਾਰਤ ਅੱਜ ਲੰਡਨ ਦੇ ਓਵਲ ਵਿਖੇ ਐਂਡਰਸਨ-ਤੇਂਦੁਲਕਰ ਟਰਾਫੀ ਦੇ ਪੰਜਵੇਂ ਟੈਸਟ ਦੇ ਦੂਜੇ ਦਿਨ ਮੇਜ਼ਬਾਨ ਇੰਗਲੈਂਡ ਖਿਲਾਫ ਛੇ ਵਿਕਟਾਂ 'ਤੇ 204 ਦੌੜਾਂ ਤੋਂ ਅੱਗੇ ਖੇਡੇਗਾ । ਕਰੁਣ ਨਾਇਰ 52 ਦੌੜਾਂ 'ਤੇ ਨਾਬਾਦ ਨੇ ਅਤੇ ਵਾਸ਼ਿੰਗਟਨ ਸੁੰਦਰ 19 ਦੌੜਾਂ 'ਤੇ ਆਪਣੀ 51 ਦੌੜਾਂ ਦੀ ਸਾਂਝੇਦਾਰੀ ਨੂੰ ਵਧਾਉਣ ਦੀ ਕੋਸ਼ਿਸ਼ ਕਰਨਗੇ।